# Official Spokesperson's response to media queries on Organisation of Islamic Cooperation statement on Delimitation Exercise in Jammu and Kashmir

May 16, 2022

................

## ਜੰਮੂ ਅਤੇ ਕਸ਼ਮੀਰ ਵਿੱਚ ਹੱਦਬੰਦੀ ਪ੍ਰਕਿਰਿਆ ਬਾਰੇ ਇਸਲਾਮਿਕ ਸਹਿਯੋਗ ਸੰਗਠਨ ਦੇ ਬਿਆਨ ਬਾਰੇ ਮੀਡੀਆ ਦੇ ਸਵਾਲਾਂ ਦਾ ਸਰਕਾਰੀ ਬੁਲਾਰੇ ਵੱਲੋਂ ਜਵਾਬ

**16 ਮਈ, 2022**

ਜੰਮੂ ਅਤੇ ਕਸ਼ਮੀਰ ਵਿੱਚ ਹੱਦਬੰਦੀ ਪ੍ਰਕਿਰਿਆ ਬਾਰੇ ਇਸਲਾਮਿਕ ਸਹਿਯੋਗ ਸੰਗਠਨ ਦੇ ਬਿਆਨ ਬਾਰੇ ਮੀਡੀਆ ਦੇ ਸਵਾਲਾਂ ਦਾ ਜਵਾਬ ਦਿੰਦੇ ਹੋਏ ਸਰਕਾਰੀ ਬੁਲਾਰੇ ਨੇ ਕਿਹਾ:

"ਸਾਨੂੰ ਇਸ ਗੱਲ 'ਤੇ ਨਿਰਾਸ਼ਾ ਹੈ ਕਿ OIC ਸਕੱਤਰੇਤ ਨੇ ਇੱਕ ਵਾਰ ਫਿਰ ਭਾਰਤ ਦੇ ਅੰਦਰੂਨੀ ਮਾਮਲਿਆਂ ਬਾਰੇ ਗੈਰ-ਵਾਜਬ ਟਿੱਪਣੀਆਂ ਕੀਤੀਆਂ ਹਨ। ਪਿਛਲੀ ਵਾਰ ਵਾਂਗ ਹੀ ਭਾਰਤ ਸਰਕਾਰ ਜੰਮੂ-ਕਸ਼ਮੀਰ ਕੇਂਦਰ ਸ਼ਾਸਤ ਪ੍ਰਦੇਸ਼ ਬਾਰੇ OIC ਸਕੱਤਰੇਤ ਦੇ ਦਾਅਵਿਆਂ ਨੂੰ ਪੂਰੀ ਤਰ੍ਹਾਂ ਖਾਰਜ ਕਰਦੀ ਹੈ, ਜੋ ਕਿ ਭਾਰਤ ਦਾ ਅਨਿੱਖੜਵਾਂ ਅਤੇ ਅਟੁੱਟ ਹਿੱਸਾ ਹੈ। OIC ਨੂੰ ਇੱਕ ਖਾਸ ਮੁਲਕ ਦੇ ਕਹਿਣ 'ਤੇ ਭਾਰਤ ਪ੍ਰਤੀ ਆਪਣਾ ਫਿਰਕੂ ਏਜੰਡੇ ਪੂਰਾ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।"

ਨਵੀਂ ਦਿੱਲੀ

16 ਮਈ, 2022

DISCLAIMER: This is an approximate translation. The original is available in English on MEA's website and may be referred to as the official press release.